**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ :31-10-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਰਾਸ਼ਟਰ ਅੱਜ ਲੋਹ ਪੁਰਸ਼ ਸਰਦਾਰ ਵੱਲਭਭਾਈ ਪਟੇਲ ਨੂੰ ਉਨ੍ਹਾਂ ਦੀ 150ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਲੋਕਾਂ ਨੂੰ ਇੱਕਜੁੱਟ ਹੋ ਕੇ, ਦੇਸ਼ ਦੀ ਤਰੱਕੀ ਲਈ ਆਪਣੇ-ਆਪ ਨੂੰ ਸਮਰਪਿਤ ਕਰਨ ਦੀ ਅਪੀਲ ।

- ਪੰਜਾਬ ਭਰ ਵਿੱਚ ਏਕਤਾ ਮਾਰਚ ਕੱਢੇ ਗਏ -ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ - ਭਾਰਤ ਨੂੰ ਇਕਜੁੱਟ ਕਰਨ ਵਿੱਚ ਸਰਦਾਰ ਪਟੇਲ ਦੀ ਭੂਮਿਕਾ ਪੀੜ੍ਹੀਆਂ ਨੂੰ ਹਮੇਸ਼ਾ ਪ੍ਰੇਰਿਤ ਕਰੇਗੀ ।

- ਜਲ ਸ਼ਕਤੀ ਅਭਿਆਨ ਤਹਿਤ ਕੇਂਦਰੀ ਟੀਮ ਨੇ ਜ਼ਿਲ੍ਹਾ ਫ਼ਰੀਦਕੋਟ ਦੇ ਅਧਿਕਾਰੀਆਂ ਨਾਲ ਕੀਤੀ ਸਮੀਖਿਆ ਮੀਟਿੰਗ - ਹੋਏ ਕੰਮਾਂ ‘ਤੇ ਟੀਮ ਨੇ ਜਤਾਈ ਤਸੱਲੀ ਜ਼ਾਹਿਰ ਕੀਤੀ।

- ਪੰਜਾਬ ਦੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਰੋਹੂ ਨੂੰ ਪੰਜਾਬ ਦੀ ਰਾਜ ਮੱਛੀ ਐਲਾਨਿਆ।

- 42ਵੇਂ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ, ਅੱਜ ਸੈਮੀਫਾਈਨਲ ਮੈਚਾਂ ਵਿੱਚ, ਇੰਡੀਅਨ ਨੇਵੀ-ਮੁੰਬਈ ਦਾ ਮੁਕਾਬਲਾ ਭਾਰਤੀ ਰੇਲਵੇ-ਦਿੱਲੀ ਨਾਲ ਅਤੇ ਭਾਰਤ ਪੈਟਰੋਲੀਅਮ-ਮੁੰਬਈ ਦਾ ਮੁਕਾਬਲਾ ਇੰਡੀਅਨ ਆਇਲ-ਮੁੰਬਈ ਨਾਲ ਹੋ ਰਿਹਾ ਏ।

## ਹੁਣ ਖਬਰਾਂ ਵਿਸਥਾਰ ਨਾਲ

ਰਾਸ਼ਟਰ ਅੱਜ ਲੋਹ ਪੁਰਸ਼ ਸਰਦਾਰ ਵੱਲਭਭਾਈ ਪਟੇਲ ਨੂੰ ਉਨ੍ਹਾਂ ਦੀ 150ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ। ਇਸ ਦਿਨ ਨੂੰ ਰਾਸ਼ਟਰੀ ਏਕਤਾ ਦਿਵਸ ਵਜੋਂ ਵੀ ਮਨਾਇਆ ਜਾਂਦਾ ਏ। ਹਰ ਸਾਲ 31 ਅਕਤੂਬਰ ਨੂੰ ਸਰਦਾਰ ਵੱਲਭਭਾਈ ਪਟੇਲ ਦੀ ਜਯੰਤੀ ਮਨਾਈ ਜਾਂਦੀ

ਏ। ਸਰਦਾਰ ਪਟੇਲ ਨੇ ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ, ਵਡਮੁੱਲੀ ਭੂਮਿਕਾ ਨਿਭਾਈ ਅਤੇ ਉਹ ਦੇਸ਼ ਦੇ ਪਹਿਲੇ ਉਪ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਵੀ ਰਹੇ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਇੱਕਜੁੱਟ ਹੋਣ ਅਤੇ ਦੇਸ਼ ਦੀ ਤਰੱਕੀ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਦੀ ਅਪੀਲ ਕੀਤੀ । ਸ਼੍ਰੀ ਮੋਦੀ ਨੇ ਕਿਹਾ ਕਿ ਇਸ ਨਾਲ ਵਿਕਸਤ ਭਾਰਤ ਦਾ ਸੁਪਨਾ ਸਾਕਾਰ ਹੋਵੇਗਾ । ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜਯੰਤੀ ਦੇ ਮੌਕੇ 'ਤੇ ਏਕਤਾ ਨਗਰ ਵਿੱਚ ਆਯੋਜਿਤ ਰਾਸ਼ਟਰੀ ਏਕਤਾ ਦਿਵਸ ਸਮਾਰੋਹ ਵਿੱਚ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ।

BYTE

ਸ਼੍ਰੀ ਮੋਦੀ ਨੇ ਹਰੇਕ ਨਾਗਰਿਕ ਨੂੰ ਏਕਤਾ ਨੂੰ ਰਾਸ਼ਟਰੀ ਤਾਕਤ ਦਾ ਮੰਤਰ ਬਣਾਉਣ ਅਤੇ ਸਰਦਾਰ ਪਟੇਲ ਦੇ ਦ੍ਰਿਸ਼ਟੀਕੋਣ ਨੂੰ ਯਾਦ ਰੱਖਣ ਅਤੇ ਇੱਕ ਮਜ਼ਬੂਤ, ਵਿਕਸਤ ਅਤੇ ਸਾਂਝੇ ਭਾਰਤ ਲਈ ਇਕੱਠੇ ਕੰਮ ਕਰਨ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨੇ ਦਿਨ ਦੀ ਸ਼ੁਰੂਆਤ ਸਟੈਚੂ ਆਫ਼ ਯੂਨਿਟੀ 'ਤੇ ਫੁੱਲ ਭੇਟ ਕਰਕੇ ਕੀਤੀ। ਇਸ ਮੌਕੇ 'ਤੇ, ਉਨ੍ਹਾਂ ਨੇ ਏਕਤਾ ਦਿਵਸ ਦੀ ਸਹੁੰ ਚੁਕਾਈ। ਪ੍ਰਧਾਨ ਮੰਤਰੀ ਨੇ ਸ਼ਾਨਦਾਰ ਏਕਤਾ

ਦਿਵਸ ਪਰੇਡ ਵੀ ਦੇਖੀ ਜਿਸ ਵਿੱਚ ਬੀ.ਐਸ.ਐਫ, ਸੀ.ਆਰ.ਪੀ.ਐਫ ਅਤੇ ਵੱਖ-ਵੱਖ ਰਾਜ ਪੁਲਿਸ ਬਲਾਂ ਦੀਆਂ ਟੁਕੜੀਆਂ ਨੇ 'ਅਨੇਕਤਾ ਵਿੱਚ ਏਕਤਾ' ਦੇ ਥੀਮ ਨੂੰ ਦਰਸਾਉਂਦੀਆਂ 10 ਝਾਕੀਆਂ ਪੇਸ਼ ਕੀਤੀਆਂ। ਭਾਰਤੀ ਹਵਾਈ ਸੈਨਾ ਦੀ ਵੱਕਾਰੀ 'ਸੂਰਿਆ ਕਿਰਨ' ਟੀਮ ਵਲੋਂ ਇੱਕ ਸ਼ਾਨਦਾਰ ਏਅਰ ਸ਼ੋਅ ਪੇਸ਼ ਕੀਤਾ ਗਿਆ, ਜਿਸ ਵਿੱਚ ਅਸਮਾਨ ਵਿੱਚ ਤਿਰੰਗੇ ਦੀ ਬਹਾਦਰੀ ਅਤੇ ਹਿੰਮਤ ਦਾ ਪ੍ਰਦਰਸ਼ਨ ਕੀਤਾ ਗਿਆ।

---------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰੀ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਭਾਰਤ ਦੇ ਲੋਹ ਪੁਰਸ਼, ਸਰਦਾਰ ਵੱਲਭਭਾਈ ਪਟੇਲ ਦੀ 150ਵੀਂ ਜਨਮ ਵਰ੍ਹੇਗੰਢ ਮਨਾਉਣ ਲਈ ਸੁਖਨਾ ਝੀਲ 'ਤੇ ਆਯੋਜਿਤ 'ਸਰਦਾਰ@150 ਏਕਤਾ ਮਾਰਚ' ਦੀ ਅਗਵਾਈ ਕੀਤੀ। ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਭਾਰਤ ਸਰਕਾਰ ਦੇ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਦੇ ਤਹਿਤ ਮੇਰਾ ਯੁਵਾ ਭਾਰਤ ਦੇ ਸਹਿਯੋਗ ਨਾਲ ਆਯੋਜਿਤ ਇਸ ਸਮਾਗਮ ਵਿੱਚ ਲਗਭਗ 800 ਨੌਜਵਾਨਾਂ ਅਤੇ ਐੱਨ.ਐੱਸ.ਐੱਸ ਵਲੰਟੀਅਰਾਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ। ਰਾਜਪਾਲ ਨੇ ਸਾਰੇਆਂ ਨੂੰ 'ਨਸ਼ਾ ਮੁਕਤ ਭਾਰਤ' ਅਤੇ 'ਆਤਮ-ਨਿਰਭਰ ਭਾਰਤ' ਦੇ ਸਹੁੰ ਚੁਕਾਈ ਅਤੇ ਨਸ਼ਾ ਮੁਕਤ, ਆਤਮ-ਨਿਰਭਰ ਅਤੇ ਇਕਜੁੱਟ ਭਾਰਤ ਦੇ ਨਿਰਮਾਣ ਲਈ ਸਮੂਹਿਕ ਪ੍ਰਤੀਬੱਧਤਾ ਦੀ ਪੁਸ਼ਟੀ

ਕੀਤੀ। ਸ੍ਰੀ ਕਟਾਰੀਆ ਨੇ ਕਿਹਾ ਕਿ 'ਸਰਦਾਰ@150 ਯੂਨਿਟੀ ਮਾਰਚ' ਕੇਵਲ ਇੱਕ ਯਾਦਗਾਰੀ ਸਮਾਗਮ ਨਹੀਂ ਏ , ਬਲਕਿ ਨੌਜਵਾਨਾਂ ਵਿੱਚ ਏਕਤਾ, ਅਖੰਡਤਾ ਅਤੇ ਸੇਵਾ ਦੀ ਭਾਵਨਾ ਜਗਾਉਣ ਦਾ ਇੱਕ ਸ਼ਕਤੀਸ਼ਾਲੀ ਰਾਸ਼ਟਰੀ ਅੰਦੋਲਨ ਏ । ਉਨ੍ਹਾਂ ਨੇ ਕਿਹਾ, "ਸਰਦਾਰ ਪਟੇਲ ਨੇ ਭਾਰਤ ਦੇ ਏਕੀਕਰਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ। ਰਾਜਪਾਲ ਨੇ ਨੌਜਵਾਨਾਂ ਨੂੰ ਸਮਰਪਣ ਭਾਵ ਨਾਲ ਕਾਰਜ ਕਰਨ ਲਈ ਉਤਸ਼ਾਹਿਤ ਕੀਤਾ ।

BYTE

ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਮਾਣਯੋਗ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਦੂਰਦਰਸ਼ੀ ਅਗਵਾਈ ਵਿੱਚ, ਭਾਰਤ ਵਿਕਸਿਤ ਭਾਰਤ@ 2047 ਦੀ ਤਰਫ਼ ਵਧ ਰਿਹਾ ਹੈ ਅਤੇ ਨੌਜਵਾਨ ਇਸ ਪਰਿਵਰਤਨ ਦੇ ਸਭ ਤੋਂ ਮਜ਼ਬੂਤ ਥੰਮ੍ਹ ਹੋਣਗੇ। ਸ੍ਰੀ ਕਟਾਰੀਆ ਨੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਰਾਸ਼ਟਰ ਦੀ ਸੇਵਾ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਦੀ ਤਾਕੀਦ ਕੀਤੀ। ਪ੍ਰਸ਼ਾਸਕ ਨੇ ਨੌਜਵਾਨ ਨਾਗਰਿਕਾਂ ਨੂੰ ਰਾਸ਼ਟਰੀ ਏਕਤਾ, ਨਾਗਰਿਕ ਜ਼ਿੰਮੇਵਾਰੀ ਅਤੇ ਆਤਮਨਿਰਭਰ ਰਾਸ਼ਟਰ ਨਿਰਮਾਣ ਦੇ ਆਦਰਸ਼ਾਂ ਨਾਲ ਜੋੜਨ ਵਾਲੀ ਇਸ ਸਾਰਥਕ ਪਹਿਲ ਦੇ ਆਯੋਜਨ ਲਈ ਚੰਡੀਗੜ੍ਹ ਪ੍ਰਸ਼ਾਸਨ ਅਤੇ "ਮੇਰਾ ਯੁਵਾ ਭਾਰਤ" ਦੇ ਯਤਨਾਂ ਦੀ ਸ਼ਲਾਘਾ ਕੀਤੀ। ਚੰਡੀਗੜ੍ਹ

ਪ੍ਰਸ਼ਾਸਨ ਨੇ ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਵਸ ਦੇ ਸਨਮਾਨ ਵਿੱਚ ਸਕੱਤਰੇਤ ਵਿਖੇ ਰਾਸ਼ਟਰੀ ਏਕਤਾ ਦਿਵਸ ਮਨਾਇਆ। ਚੰਡੀਗੜ੍ਹ ਦੇ ਮੁੱਖ ਸਕੱਤਰ ਐੱਚ. ਰਾਜੇਸ਼ ਪ੍ਰਸਾਦ, ਆਈਏਐੱਸ, ਨੇ ਸਾਰੇ ਅਧਿਕਾਰੀਆਂ ਅਤੇ ਸਟਾਫ਼ ਨੂੰ ਏਕਤਾ ਦੀ ਸਹੁੰ ਚੁਕਾਈ।

------------------------------------------------------------

ਜਲੰਧਰ , ਫਿਰੋਜ਼ਪੁਰ ਅਤੇ ਪਠਾਨਕੋਟ ਸਮੇਤ ਸੂਬੇ ਦੀਆਂ ਹੋਰਨਾਂ ਥਾਵਾਂ 'ਤੇ ਵੀ ਇਸੇ ਤਰ੍ਹਾਂ ਦੇ ਮਾਰਚ ਕੱਢੇ ਗਏ। ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੀ ਜਲੰਧਰ ਇਕਾਈ, ਕੇਂਦਰੀ ਸੰਚਾਰ ਬਿਊਰੋ ਨੇ, ਦੋਆਬਾ ਕਾਲਜ, ਜਲੰਧਰ ਵਿੱਚ ਰਾਸ਼ਟਰੀ ਏਕਤਾ ਦਿਵਸ 'ਤੇ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਜਿਸ ਵਿੱਚ ਵਿਦਿਆਰਥੀਆਂ ਨੂੰ ਏਕਤਾ ਦੀ ਸਹੁੰ ਵੀ ਚੁਕਾਈ ਗਈ। ਸੀ.ਬੀ.ਸੀ ਦੇ ਸਹਾਇਕ ਨਿਰਦੇਸ਼ਕ ਰਾਜੇਸ਼ ਬਾਲੀ ਨੇ ਵਿਦਿਆਰਥੀਆਂ ਨੂੰ ਏਕਤਾ ਦੀ ਸਹੁੰ ਚੁਕਾਈ ਅਤੇ ਉਨ੍ਹਾਂ ਨੂੰ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਸਮਰਪਿਤ ਰਹਿਣ ਦਾ ਸੰਦੇਸ਼ ਦਿੱਤਾ।

BYTE

ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਉਤਸ਼ਾਹੀ "ਏਕਤਾ ਮਾਰਚ" ਕੱਢਿਆ ਗਿਆ, ਜਿਸ ਦੌਰਾਨ ਵਿਦਿਆਰਥੀਆਂ ਵੱਲੋਂ "ਏਕਤਾ ਜ਼ਿੰਦਾਬਾਦ" ਦੇ ਨਾਅਰੇ ਲਗਾਏ ਗਏ। ਸਰਦਾਰ ਪਟੇਲ ਦੇ ਜੀਵਨ ਅਤੇ ਪ੍ਰਾਪਤੀਆਂ 'ਤੇ ਇੱਕ ਫ਼ੋਟੋ ਪ੍ਰਦਰਸ਼ਨੀ ਵੀ ਲਗਾਈ ਗਈ। ਪੰਜਾਬ ਪੁਲਿਸ

ਦੇ ਸਾਈਬਰ ਵਿੰਗ ਤੋਂ ਜਗਜੀਤ ਕੌਰ ਨੇ ਵਿਦਿਆਰਥੀਆਂ ਨੂੰ ਸਾਈਬਰ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਡਿਜੀਟਲ ਸੁਰੱਖਿਆ, ਔਨਲਾਈਨ ਠੱਗੀ ਤੋਂ ਬਚਾਅ ਅਤੇ ਜ਼ਿੰਮੇਵਾਰ ਸੋਸ਼ਲ ਮੀਡੀਆ ਵਰਤੋਂ ਬਾਰੇ ਮਹੱਤਵਪੂਰਨ ਸੁਝਾਅ ਸਾਂਝੇ ਕੀਤੇ। ਓਧਰ ਫਿਰੋਜ਼ਪੁਰ ਡਿਵੀਜ਼ਨ ਨੇ ਵੀ ਅੱਜ "ਏਕਤਾ ਲਈ ਦੌੜ" ਦਾ ਆਯੋਜਨ ਕੀਤਾ। ਡਵੀਜ਼ਨਲ ਰੇਲਵੇ ਮੈਨੇਜਰ ਸੰਜੀਵ ਕੁਮਾਰ ਦੀ ਅਗਵਾਈ ਵਿੱਚ 100 ਤੋਂ ਵੱਧ ਅਧਿਕਾਰੀਆਂ, ਕਰਮਚਾਰੀਆਂ ਅਤੇ ਰੇਲਵੇ ਸੁਰੱਖਿਆ ਬਲ ਦੇ ਕਰਮਚਾਰੀਆਂ ਨੇ ਰੇਲਵੇ ਸਟੇਡੀਅਮ, ਫ਼ਿਰੋਜ਼ਪੁਰ ਵਿਖੇ ਦੌੜ ਕੇ "ਏਕਤਾ ਲਈ ਦੌੜ" ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਡਾ. ਬੀ. ਆਰ. ਅੰਬੇਡਕਰ ਰਾਸ਼ਟਰੀ ਤਕਨੀਕੀ ਸੰਸਥਾਨ ਜਲੰਧਰ ਦੀ NSS ਇਕਾਈ ਵੱਲੋਂ "ਏਕਤਾ ਦੌੜ" ਅਤੇ "ਏਕਤਾ ਸਹੁੰ " ਦਾ ਸਫਲ ਆਯੋਜਨ ਕੀਤਾ ਗਿਆ। ਸੰਸਥਾਨ ਦੇ ਡਾਇਰੈਕਟਰ ਪ੍ਰੋ. ਬਿਨੋਦ ਕੁਮਾਰ ਕਨੌਜੀਆ, ਅਧਿਆਪਕਾਂ, ਕਰਮਚਾਰੀਆਂ ਤੇ ਵਿਦਿਆਰਥੀਆਂ ਨੇ ਭਾਗ ਲਿਆ।

------------------------------------------------------

ਜਲ ਸ਼ਕਤੀ ਅਭਿਆਨ ਤਹਿਤ ਕੇਂਦਰੀ ਟੀਮ ਨੇ ਅੱਜ ਫ਼ਰੀਦਕੋਟ ਜਿਲ੍ਹੇ ਦੇ ਵੱਖ ਵੱਖ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਜਲ ਜੀਵਨ ਮਿਸ਼ਨ ਅਤੇ ਜਲ ਸ਼ਕਤੀ ਮਿਸ਼ਨ ਤਹਿਤ ਜ਼ਿਲ੍ਹੇ ਵਿੱਚ ਹੋ ਰਹੇ ਕਾਰਜਾਂ

ਦੀ ਪ੍ਰਗਤੀ ਦੀ ਸਮੀਖਿਆ ਕੀਤੀ।ਕੇਂਦਰੀ ਟੀਮ ਦੇ ਮੈਂਬਰ  ਰੋਹਨ ਚੰਦ ਠਾਕੁਰ ਅਤੇ  ਵਿਜੇ ਸਿੰਘ ਮੀਨਾ ਨੇ ਢਿੱਲਵਾਂ ਕਲਾਂ ਪਿੰਡ ਵਿੱਚ ਹੋਏ ਵਿਕਾਸ ਕਾਰਜਾਂ ‘ਤੇ ਸੰਤੁਸ਼ਟੀ ਪ੍ਰਗਟਾਈ ਗਈ। ਟੀਮ ਨੇ ਕਿਹਾ ਗਿਆ ਕਿ ਜ਼ਿਲ੍ਹੇ ਦੇ ਹੋਰ ਪਿੰਡਾਂ ਵਿੱਚ ਵੀ ਵਾਟਰ ਵਰਕਸ ਬਣਾਉਣ ਦੀ ਪ੍ਰਕਿਰਿਆ ਤੇਜ਼ ਕੀਤੀ ਜਾਵੇ, ਤਾਂ ਜੋ ਪੇਂਡੂ ਖੇਤਰਾਂ ਵਿੱਚ ਸਾਫ਼ ਪੀਣ ਵਾਲਾ ਪਾਣੀ ਨਿਰੰਤਰ ਉਪਲਬਧ ਰਹੇ। ਉਨ੍ਹਾਂ ਨੇ ਇਹ ਵੀ ਜ਼ੋਰ ਦਿੱਤਾ ਕਿ ਲੋਕਾਂ ਨੂੰ ਬਾਰਿਸ਼ ਵਾਲੇ ਪਾਣੀ ਨੂੰ ਇਕੱਠਾ ਕਰਕੇ ਵਰਤਣ ਤੇ ਜ਼ਮੀਨ ਵਿੱਚ ਰੀਚਾਰਜ ਕਰਨ ਲਈ ਜਾਗਰੂਕ ਕੀਤਾ ਜਾਵੇ, ਤਾਂ ਜੋ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਹੋਰ ਹੇਠਾਂ ਨਾ ਜਾ ਸਕੇ। ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਟੀਮ ਨੂੰ ਵਿਸ਼ਵਾਸ ਦਵਾਇਆ ਕਿ ਜ਼ਿਲ੍ਹੇ ਦੇ ਨਿਵਾਸੀਆਂ ਨੂੰ ਜਲ ਜੀਵਨ ਮਿਸ਼ਨ ਤਹਿਤ ਸਾਫ਼ ਪੀਣ ਵਾਲਾ ਪਾਣੀ ਨਿਰੰਤਰ ਮਿਲਦਾ ਰਹੇਗਾ ਅਤੇ ਲੋਕਾਂ ਨੂੰ ਜਲ ਸੰਭਾਲ ਸਬੰਧੀ ਜਾਗਰੂਕ ਕੀਤਾ ਜਾਵੇਗਾ।

------------------------------------------------------------

ਸੂਬੇ  ਦੀ ਜਲ ਜੈਵ ਵਿਭਿੰਨਤਾ ਨੂੰ ਸੰਭਾਲਣ ਅਤੇ ਉਤਸ਼ਾਹਿਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਰੋਹੂ (ਲਾਬੇਓ ਰੋਹੀਤਾ) ਨੂੰ ਪੰਜਾਬ ਦੀ ਰਾਜ ਮੱਛੀ ਐਲਾਨਿਆ ਏ ।

ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਦਾ ਜਲ ਖੇਤਰ ਪ੍ਰਫੁੱਲਤ ਹੋ ਰਿਹਾ ਏ , ਜਿਸ ਵਿੱਚ 43 ਹਜ਼ਾਰ 683 ਏਕੜ ਮੱਛੀ ਪਾਲਣ ਨੂੰ ਸਮਰਪਿਤ ਏ , ਜਿਸ ਤੋਂ ਸਾਲਾਨਾ 2 ਲਖ ਮੀਟਰਕ ਟਨ ਮੱਛੀ ਪੈਦਾ ਹੁੰਦੀ ਏ। ਰੋਹੂ ਇੱਕ ਮਹੱਤਵਪੂਰਨ ਯੋਗਦਾਨ ਪਾਉਂਦੀ ਏ । ਉਨ੍ਹਾਂ ਦੱਸਿਆ ਕਿ ਰੋਹੂ ਮੱਛੀ ਪ੍ਰੋਟੀਨ, ਵਿਟਾਮਿਨ ਏ, ਬੀ ਅਤੇ ਡੀ, ਅਤੇ ਓਮੇਗਾ-3 ਫੈਟੀ ਐਸਿਡ ਨਾਲ ਭਰਪੂਰ ਏ ।

-------------------------------------------------------

ਵਿਜੀਲੈਂਸ ਬਿਊਰੋ, ਯੂਨਿਟ ਜਲੰਧਰ ਵਲੋਂ ਵਿਜੀਲੈਂਸ ਜਾਗਰੂਕਤਾ ਹਫਤੇ ਤਹਿਤ ਅੱਜ ਡੀ.ਏ.ਵੀ ਸਕੂਲ ਫਿਲੌਰ ਵਿਖੇ ਸੈਮੀਨਾਰ ਕਰਵਾਇਆ ਗਿਆ।ਵਿਜੀਲੈਂਸ ਬਿਊਰੋ ਦੇ ਉਪ ਕਪਤਾਨ ਪੁਲਿਸ, ਅਸ਼ਵਨੀ ਕੁਮਾਰ, ਇੰਸਪੈਕਟਰ ਸਾਹਿਲ ਅਗਨੀਹੋਤਰੀ ਅਤੇ ਰਵਿੰਦਰ ਕੌਰ ਨੇ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਵਿਜੀਲੈਂਸ ਬਿਊਰੋ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸਰਕਾਰੀ ਅਧਿਕਾਰੀ/ਕਰਮਚਾਰੀ ਰਿਸ਼ਵਤ ਮੰਗਦਾ ਏ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਦਾ ਏ ਤਾਂ ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਟੋਲ ਫ੍ਰੀ ਨੰਬਰ 1800-1800-1000 ਅਤੇ ਵੈੱਬਸਾਈਟ vigilancebureau.punjab.gov.in ਵਟਸਐਪ ਨੰਬਰ 95012-

00200 ’ਤੇ ਸ਼ਿਕਾਇਤ ਕੀਤੀ ਜਾ ਸਕਦੀ ਹੈ। ਇਸ ਮੌਕੇ ਭ੍ਰਿਸ਼ਟਾਚਾਰ ਖਿਲਾਫ਼ ਸਹੁੰ ਵੀ ਚੁਕਾਈ ਗਈ ਅਤੇ ਪੈਂਫਲੈੱਟ ਵੰਡੇ ਗਏ।

ਓਧਰ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਰਿਸ਼ਵਤਖੋਰੀ ਖਿਲਾਫ ਲੋਕਾਂ ਨੂੰ ਜਾਗਰੂਕ ਕਰਨ ਲਈ ਗੁਰਦਾਸਪੁਰ ਦੇ ਸਿਵਲ ਹਸਪਤਾਲ ਬੱਬਰੀ ਵਿਖੇ ਸੈਮੀਨਾਰ ਲਗਾਇਆ ਗਿਆ । ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਵਿਜਿਲਨਸ ਇੰਸਪੇਕਟਰ ਇੰਦਰਜੀਤ ਸਿੰਘ ਨੇ ਦਸਿਆ ।

BYTE

---------------------------------------------------------------------

ਕੇਂਦਰ ਸਰਕਾਰ ਨੇ ਐਲਾਨ ਕੀਤਾ ਏ ਕਿ ਤੀਜੀ ਜਮਾਤ ਤੋਂ ਸ਼ੁਰੂ ਹੋਣ ਵਾਲੇ ਸਾਰੇ ਸਕੂਲਾਂ ਵਿੱਚ ਏ.ਆਈ 'ਤੇ ਇੱਕ ਪਾਠਕ੍ਰਮ ਸ਼ੁਰੂ ਕੀਤਾ ਜਾਵੇਗਾ। ਸਿੱਖਿਆ ਮੰਤਰਾਲੇ ਨੇ ਕਿਹਾ ਕਿ ਇਹ ਪਹਿਲ, ਗੁੰਝਲਦਾਰ ਚੁਣੌਤੀਆਂ ਨੂੰ ਹੱਲ ਕਰਨ ਲਈ ਏ.ਆਈ. ਦੇ ਨੈਤਿਕ ਵਰਤੋਂ ਵੱਲ ਇੱਕ ਮਹੱਤਵਪੂਰਨ ਕਦਮ ਏ । ਇਹ ਤਕਨਾਲੋਜੀ ਤੀਜੀ ਜਮਾਤ ਤੋਂ ਸ਼ੁਰੂ ਹੋ ਕੇ, ਬੁਨਿਆਦੀ ਪੱਧਰ ਤੋਂ ਹੀ ਸ਼ਾਮਲ ਕੀਤੀ ਜਾਵੇਗੀ । ਮੰਤਰਾਲੇ ਨੇ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਕੰਪਿਊਟੇਸ਼ਨਲ ਸੋਚ ਸਿੱਖਣ ਅਤੇ ਸਿਖਾਉਣ ਦੀ ਧਾਰਨਾ ਨੂੰ ਮਜ਼ਬੂਤ ਕਰੇਗੀ। ਮੰਤਰਾਲੇ ਨੇ ਕਿਹਾ ਕਿ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਕੰਪਿਊਟੇਸ਼ਨਲ ਸੋਚ 'ਤੇ ਇੱਕ ਪਾਠਕ੍ਰਮ ਵਿਕਸਤ

ਕਰਨ ਲਈ ਆਈ.ਆਈ.ਟੀ ਮਦਰਾਸ ਦੇ ਪ੍ਰੋਫੈਸਰ ਕਾਰਤਿਕ ਰਮਨ ਦੀ ਅਗਵਾਈ ਵਿੱਚ ਇੱਕ ਕਮੇਟੀ ਬਣਾਈ ਏ। ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ ਦੇ ਸਕੱਤਰ ਸੰਜੇ ਕੁਮਾਰ ਨੇ ਜ਼ੋਰ ਦੇ ਕੇ ਕਿਹਾ ਕਿ ਏ.ਆਈ. ਵਿੱਚ ਸਿੱਖਿਆ ਨੂੰ ਸਾਡੇ ਆਲੇ ਦੁਆਲੇ ਦੀ ਦੁਨੀਆ ਨਾਲ ਜੁੜਿਆ ਇੱਕ ਬੁਨਿਆਦੀ ਵਿਸ਼ਵ-ਵਿਆਪੀ ਹੁਨਰ ਮੰਨਿਆ ਜਾਣਾ ਚਾਹੀਦਾ ਏ।

---------------------------------------------------------

ਪਟਿਆਲਾ ਦੀ ਸਰਹਿੰਦ ਸੜਕ 'ਤੇ ਅੱਜ ਸਵੇਰੇ ਕਰੀਬ ਸਾਢੇ 6 ਵਜੇ ਇਕ ਸਰਕਾਰੀ ਬੱਸ ਤੇ ਟਰੱਕ ਵਿਚਕਾਰ ਟੱਕਰ ਕਾਰਨ ਵਾਪਰੇ ਹਾਦਸੇ ਵਿੱਚ ਬੱਸ ਦੇ ਕੰਡਕਟਰ ਤੇ ਟਰੱਕ ਡਰਾਈਵਰ ਦੀ ਮੌਤ ਹੋ ਗਈ ਜਦੋਂਕਿ ਕਈ ਸਵਾਰੀਆਂ ਜ਼ਖਮੀ ਹੋਈਆਂ ਨੇ। ਸਾਢੇ ਪੱਤਰਕਾਰ ਨੇ ਦਸਿਆ ਕਿ ਹਾਦਸੇ ਦੀ ਖ਼ਬਰ ਮਿਲਦਿਆਂ ਹੀ ਆਸ ਪਾਸ ਦੇ ਲੋਕ ਮੌਕੇ 'ਤੇ ਪਹੁੰਚੇ ਤੇ ਜਖਮੀਆਂ ਨੂੰ ਪਟਿਆਲਾ ਦੇ ਸਰਕਾਰੀ ਰਜਿੰਦਰਾ ਹਸਪਤਾਲ ਭੇਜਿਆ ਗਿਆ।

---------------------------------------------------------

ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ, ਖੇਡੇ ਜਾ ਰਹੇ 42ਵੇਂ ਸੁਰਜੀਤ ਹਾਕੀ ਟੂਰਨਾਮੈਂਟ ਦੇ ਸੈਮੀ-ਫਾਈਨਲ ਮੈਚਾਂ ਵਿੱਚ ਅੱਜ ਇੰਡੀਅਨ ਨੇਵੀ-ਮੁੰਬਈ ਦਾ ਮੁਕਾਬਲਾ ਰੇਲਵੇ-ਦਿੱਲੀ ਨਾਲ ਅਤੇ

ਭਾਰਤ ਪੈਟਰੋਲੀਅਮ-ਮੁੰਬਈ ਦਾ ਮੁਕਾਬਲਾ ਇੰਡੀਅਨ ਆਇਲ-ਮੁੰਬਈ ਨਾਲ ਹੋ ਰਿਹਾ ਏ। ਫਾਈਨਲ ਮੁਕਾਬਲਾ ਸ਼ਨੀਚਰਵਾਰ ਨੂੰ ਖੇਡਿਆ ਜਾਵੇਗਾ। ਆਕਾਸ਼ਵਾਣੀ ਫਾਈਨਲ ਮੈਚ ਦੇ ਅੱਖੀਂ ਡਿੱਠਾਂ ਹਾਲ ਹਿੰਦੀ ਅਤੇ ਅੰਗਰੇਜ਼ੀ ਵਿੱਚ ਵਾਰੋ-ਵਾਰੀ ਸ਼ਾਮ 7 ਵੱਜਕੇ 10 ਵਜੇ ਤੋਂ ਮੈਚ ਦੇ ਅਖੀਰ ਤੱਕ ਪ੍ਰਸਾਰਿਤ ਕਰੇਗਾ। ਇਹ ਐਫ.ਐਮ ਰੇਨਬੋ ਨੈੱਟਵਰਕ ਅਤੇ ਹੋਰ ਫ੍ਰੀਕੁਐਂਸੀ, ਡੀ.ਟੀ.ਐਚ ਪਲੇਟਫਾਰਮ, ਆਕਾਸ਼ਵਾਣੀ ਦੇ ਮੋਬਾਈਲ ਐਪ ਅਤੇ ਪ੍ਰਸਾਰ ਭਾਰਤੀ ਦੇ ਯੂ-ਟਿਊਬ ਸਪੋਰਟਸ ਚੈਨਲ 'ਤੇ ਵੀ ਪ੍ਰਸਾਰਿਤ ਕੀਤਾ ਜਾਵੇਗਾ।

---

- ਰਾਸ਼ਟਰ ਅੱਜ ਲੋਹ ਪੁਰਸ਼ ਸਰਦਾਰ ਵੱਲਭਭਾਈ ਪਟੇਲ ਨੂੰ ਉਨ੍ਹਾਂ ਦੀ 150ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਲੋਕਾਂ ਨੂੰ ਇੱਕਜੁੱਟ ਹੋ ਕੇ, ਦੇਸ਼ ਦੀ ਤਰੱਕੀ ਲਈ ਆਪਣੇ-ਆਪ ਨੂੰ ਸਮਰਪਿਤ ਕਰਨ ਦੀ ਅਪੀਲ ।

- ਪੰਜਾਬ ਭਰ ਵਿੱਚ ਏਕਤਾ ਮਾਰਚ ਕੱਢੇ ਗਏ -ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ - ਭਾਰਤ ਨੂੰ

ਇਕਜੁੱਟ ਕਰਨ ਵਿੱਚ ਸਰਦਾਰ ਪਟੇਲ ਦੀ ਭੂਮਿਕਾ ਪੀੜ੍ਹੀਆਂ ਨੂੰ ਹਮੇਸ਼ਾ ਪ੍ਰੇਰਿਤ ਕਰੇਗੀ।

- ਜਲ ਸ਼ਕਤੀ ਅਭਿਆਨ ਤਹਿਤ ਕੇਂਦਰੀ ਟੀਮ ਨੇ ਜ਼ਿਲ੍ਹਾ ਫ਼ਰੀਦਕੋਟ ਦੇ ਅਧਿਕਾਰੀਆਂ ਨਾਲ ਕੀਤੀ ਸਮੀਖਿਆ ਮੀਟਿੰਗ - ਹੋਏ ਕੰਮਾਂ 'ਤੇ ਟੀਮ ਨੇ ਜਤਾਈ ਤਸੱਲੀ ਜ਼ਾਹਿਰ ਕੀਤੀ।

- ਪੰਜਾਬ ਦੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਰੋਹੂ ਨੂੰ ਪੰਜਾਬ ਦੀ ਰਾਜ ਮੱਛੀ ਐਲਾਨਿਆ।

- 42ਵੇਂ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ, ਅੱਜ ਸੈਮੀਫਾਈਨਲ ਮੈਚਾਂ ਵਿੱਚ, ਇੰਡੀਅਨ ਨੇਵੀ-ਮੁੰਬਈ ਦਾ ਮੁਕਾਬਲਾ ਭਾਰਤੀ ਰੇਲਵੇ-ਦਿੱਲੀ ਨਾਲ ਅਤੇ ਭਾਰਤ ਪੈਟਰੋਲੀਅਮ-ਮੁੰਬਈ ਦਾ ਮੁਕਾਬਲਾ ਇੰਡੀਅਨ ਆਇਲ-ਮੁੰਬਈ ਨਾਲ ਹੋ ਰਿਹਾ ਏ।

-----------------------------------------------